# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 20-04-2024**

ਸੰਗਰੂਰ ਜ਼ਿਲ੍ਹਾ ਜੇਲ੍ਹ ਵਿੱਚ ਕੱਲ ਸ਼ਾਮ ਕੈਦੀਆਂ ਵਿਚਾਲੇ ਹੋਈ ਹਿੰਸਕ ਝੜਪ ਵਿੱਚ ਦੋ ਕੈਦੀਆਂ ਦੀ ਮੌਤ ਹੋ ਗਈ, ਜਦੋਂਕਿ ਦੋ ਹੋਰ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ, ਉਨ੍ਹਾਂ ਨੂੰ ਪਟਿਆਲਾ ਰੈਫ਼ਰ ਕਰ ਦਿੱਤਾ ਗਿਆ ਏ । ਇਸ ਸਬੰਧੀ ਸਿਵਲ ਹਸਪਤਾਲ ਸੰਗਰੂਰ ਦੇ ਡਾਕਟਰ ਕਰਮਦੀਪ ਸਿੰਘ ਨੇ ਦੱਸਿਆ ਕਿ ਸ਼ਾਮ 7 ਵਜਕੇ 18 ਮਿੰਟ ਤੇ ਪੁਲੀਸ ਚਾਰ ਜ਼ਖ਼ਮੀਆਂ ਨੂੰ ਲੈ ਕੇ ਆਈ ਸੀ, ਜਿਨ੍ਹਾਂ ਵਿੱਚੋਂ ਦੋ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਸੀ ਜਦੋਂਕਿ ਦੋ ਗੰਭੀਰ ਜ਼ਖ਼ਮੀ ਸਨ। ਦੋਵਾਂ ਦੇ ਸਰੀਰ 'ਤੇ ਤੇਜ਼ਧਾਰ ਹਥਿਆਰਾਂ ਦੇ ਨਿਸ਼ਾਨ ਸਨ, ਦੋਵਾਂ ਨੂੰ ਪਟਿਆਲਾ ਰੈਫਰ ਕਰ ਦਿੱਤਾ ਗਿਆ ਏ। ਮ੍ਰਿਤਕ ਕੈਦੀਆਂ ਦੀ ਪਛਾਣ ਹਰੀਸ਼ ਅਤੇ ਧਰਮਿੰਦਰ ਸਿੰਘ ਜਦਕਿ ਜ਼ਖਮੀ ਕੈਦੀਆਂ ਦੀ ਪਛਾਣ ਗਗਨਦੀਪ ਅਤੇ ਮੁਹੰਮਦ ਸ਼ਾਹਬਾਜ਼ ਵਜੋਂ ਹੋਈ ਏ।

---

ਲੋਕ ਸਭਾ ਹਲਕਾ ਜਲੰਧਰ ਤੋਂ BJP ਦੇ ਉਮੀਦਵਾਰ ਸੁਸ਼ੀਲ ਰਿੰਕੂ ਨੇ

ਕਿਹਾ ਏ, ਕਿ ਜਲੰਧਰ ਦਾ ਵਿਕਾਸ BJP ਦੀ ਜਿੱਤ ਨਾਲ ਹੀ ਸੰਭਵ ਹੋਵੇਗਾ ਅਤੇ ਵਿਕਾਸ ਪ੍ਰਤੀ ਵਚਨਬੱਧਤਾ ਹੀ BJP ਦਾ ਏਜੰਡਾ ਏ। ਇਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਉਹ ਖੁਦ, ਜਲੰਧਰ ਦੇ ਵਿਕਾਸ ਲਈ ਕੰਮ ਕਰਨ ਲਈ ਵਚਨਬੱਧ ਨੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ, ਪੂਰੀ ਤਰ੍ਹਾਂ ਭ੍ਰਿਸ਼ਟਾਚਾਰ ਤੇ ਮਾਫੀਆ ਵਿੱਚ ਲਿਪਤ ਏ ਅਤੇ ਕਾਂਗਰਸ ਵੱਲੋਂ 5 ਸਾਲਾਂ ਵਿੱਚ ਬਣਾਏ ਭ੍ਰਿਸ਼ਟਾਚਾਰ ਦੇ ਰਿਕਾਰਡ ਇਸ ਸਰਕਾਰ ਨੇ ਇੱਕ ਸਾਲ ਵਿੱਚ ਹੀ ਤੋੜ ਦਿੱਤੇ ਨੇ। ਸੁਸ਼ੀਲ ਰਿੰਕੂ ਨੇ ਕਿਹਾ ਕਿ ਹੁਣ 2024 ਵਿੱਚ ਪੰਜਾਬ ਵਿੱਚ BJP ਦੇ ਰੂਪ ਵਿੱਚ ਇੱਕ ਆਸ ਦੀ ਕਿਰਨ ਦਿਖਾਈ ਦਿੱਤੀ ਏ, ਜਿਹੜੀ ਹਨੇਰੇ ਵਿੱਚ ਆਪਣਾ ਚਾਨਣ ਫੈਲਾਉਂਦੀ ਨਜ਼ਰ ਆ ਰਹੀ ਏ।

---------------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਚੋਣ ਅਫਸਰ ਹਰਪ੍ਰੀਤ ਸਿੰਘ ਸੂਦਨ ਨੇ ਦੱਸਿਆ ਕਿ ਸਕੂਲ ਸਿੱਖਿਆ ਵਿਭਾਗ ਵੱਲੋਂ ਕੁਝ ਸਕੂਲਾਂ ਦੇ ਨਾਮ ਅਪਡੇਟ ਕਰਨ ਕਰਕੇ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਵਿਧਾਨ ਸਭਾ ਚੋਣ ਹਲਕਾ ਲੰਬੀ ਦੀਆਂ 43 ਪੋਲਿੰਗ ਲੋਕੇਸ਼ਨਾਂ, ਵਿਧਾਨ ਸਭਾ ਚੋਣ ਹਲਕਾ ਗਿੱਦੜਬਾਹਾ ਦੀਆਂ 27 ਪੋਲਿੰਗ ਲੋਕੇਸ਼ਨਾਂ ਅਤੇ ਵਿਧਾਨ ਸਭਾ ਚੋਣ ਹਲਕ ਮਲੋਟ ਦੀਆਂ 15 ਪੋਲਿੰਗ ਲੋਕੇਸ਼ਨਾਂ ਦੇ ਨਾਮ ਦੀ ਤਬਦੀਲੀ

ਦੀ ਤਜਵੀਜ ਨੂੰ, ਭਾਰਤ ਚੋਣ ਕਮਿਸ਼ਨ ਵੱਲੋਂ ਪ੍ਰਵਾਨ ਕਰ ਲਿਆ ਗਿਆ ਏ । ਉਨਾਂ ਕਿਹਾ ਕਿ ਚਾਰੇ ਵਿਧਾਨ ਸਭਾ ਚੋਣ ਹਲਕਿਆਂ ਦੇ ਪੋਲਿੰਗ ਸਟੇਸ਼ਨਾਂ ਦੀ ਆਖਰੀ ਸੂਚੀ, ਸ਼੍ਰੀ ਮੁਕਤਸਰ ਸਾਹਿਬ ਦੇ ਜਿਲ੍ਹਾ ਚੋਣ ਦਫ਼ਤਰ ਅਤੇ ਜਿਲ੍ਹੇ ਦੇ ਚਾਰੇ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਦੇ ਦਫਤਰਾਂ ਵਿਖੇ ਵੇਖਣ ਲਈ ਉਪਲੱਬਧ ਏ । ਇਹ ਸੂਚੀਆਂ ਜਿਲ੍ਹੇ ਦੀ ਵੈਬਸਾਈਟ www.muktsar.nic.in ਤੇ ਵੀ ਉਪਲੱਬਧ ਨੇ ।

---------------------------------------------------------------------

ਓਧਰ ਮੁਹਾਲੀ ਜ਼ਿਲ੍ਹਾ ਸਵੀਪ ਕਮੇਟੀ ਵੱਲੋਂ ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਦੀ ਅਗਵਾਈ ਹੇਠ 80 ਫ਼ੀਸਦੀ ਤੋਂ ਵਧੇਰੇ ਮਤਦਾਨ ਅਤੇ ਸਾਰਥਕ ਵੋਟ ਅਦਾਇਗੀ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਨੇ । ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ. ਗੁਰ-ਬਖਸ਼ੀਸ਼ ਸਿੰਘ ਅਨਟਾਲ ਨੇ ਦੱਸਿਆ ਬੈਂਕ ਸੇਵਾਵਾਂ ਲੈਣ ਵਾਲੇ ਗ੍ਰਾਹਕਾਂ ਨੂੰ ਵੋਟ ਪਾਉਣ ਦਾ ਸੁਨੇਹਾ ਦੇਣ ਲਈ, ਜ਼ਿਲ੍ਹਾ ਸਵੀਪ ਟੀਮ, ਜ਼ਿਲ੍ਹਾ ਲੀਡ ਬੈਂਕ ਮੈਨੇਜਰ ਐਮ ਕੇ ਭਾਰਦਵਾਜ ਦੇ ਸਹਿਯੋਗ ਨਾਲ ਵੋਟਰ ਜਾਗਰੂਕਤਾ ਮੁਹਿੰਮ ਨੂੰ ਅਗੇ ਵਧਾ ਰਹੀ ਏ । ਉਨ੍ਹਾਂ ਦੱਸਿਆ ਕਿ ਕੱਲ ਇਸ ਮੁਹਿੰਮ ਦੀ ਸ਼ੁਰੂਆਤ ਮੋਹਾਲੀ ਸਤੀਥ ਪੰਜਾਬ ਨੈਸ਼ਨਲ ਬੈਂਕ ਤੋਂ ਕੀਤੀ ਗਈ । ਉਨ੍ਹਾਂ ਦੱਸਿਆ ਕਿ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਹਰ ਇੱਕ ਬੈਂਕ ਅਤੇ ਏ ਟੀ

ਐਮ ਉਪਰ ‘ਪੰਜਾਬ ਕਰੇਗਾ ਵੋਟ ਇਕ ਜੂਨ 2024’ ਅਤੇ ਵੱਖ-ਵੱਖ ਮੋਬਾਈਲ ਐਪਸ ਸਬੰਧੀ ਪੋਸਟਰ ਲਗਾਕੇ ਲੋਕਤੰਤਰ ਦੀ ਮਜ਼ਬੂਤੀ ਲਈ ਸੁਨੇਹਾ ਦਿੱਤਾ ਜਾਵੇਗਾ। ਜ਼ਿਲ੍ਹਾ ਲੀਡ ਬੈਂਕ ਮੈਨੇਜਰ ਐਮ ਕੇ ਭਾਰਦਵਾਜ ਨੇ ਕਿਹਾ ਕਿ ਜ਼ਿਲ੍ਹੇ ਵਿਚ 450 ਦੇ ਕਰੀਬ ਏ. ਟੀ. ਐਮਜ਼ ਉਪਰ ਵੋਟਰ ਜਾਗਰੂਕਤਾ ਦਾ ਸੁਨੇਹਾ ਦਿੱਤਾ ਜਾਵੇਗਾ । ਪੰਜਾਬ ਨੈਸ਼ਨਲ ਬੈਂਕ ਦੇ ਮੈਨੇਜਰ ਸੰਜੀਵ ਦਿਉੜਾ ਦੀ ਅਗਵਾਈ ਵਿਚ ਸਮੂਹ ਸਟਾਫ ਨੂੰ ਅਤੇ ਬੈਂਕ ਸੇਵਾਵਾਂ ਲੈਣ ਆਏ ਮੁਹਾਲੀ ਵਾਸੀਆਂ ਨੂੰ ਵੋਟ ਪਾਉਣ ਦਾ ਪ੍ਰਣ ਵੀ ਦਿਵਾਇਆ ਗਿਆ।

---------------------------------------------------------------

ਸ੍ਰੀ ਸਨਾਤਨ ਜਾਗਰਨ ਮੰਚ ਵੱਲੋਂ, ਗੁਰਦਾਸਪੁਰ ਸ਼ਹਿਰ ਵਿੱਚ 23 ਅਪ੍ਰੈਲ ਨੂੰ ਕੱਦਾਂ ਵਾਲੀ ਮੰਡੀ ਤੋਂ ਸ਼ਾਮ 3 ਵਜੇ ਸਜਾਈ ਜਾ ਰਹੀ ਸ੍ਰੀ ਹਨੁਮਾਨ ਜਨਮ ਉਤਸਵ ਦੀ ਸ਼ੋਭਾ ਯਾਤਰਾ ਦੀਆਂ ਤਮਾਮ ਤਿਆਰੀਆ ਮੁਕੰਮਲ ਕਰ ਲਈਆਂ ਗਈਆਂ ਨੇ। ਮੰਚ ਦੇ ਪ੍ਰਧਾਨ ਪਵਨ ਸ਼ਰਮਾ ਤੇ ਚੇਅਰਮੈਨ ਰਵੀ ਮਹਾਜਨ ਨੇ ਦੱਸਿਆ ਕਿ ਸ਼ੋਭਾ ਯਾਤਰਾ ਵਿੱਚ ਸਹਿਯੋਗ ਕਰਨ ਵਾਲੀਆਂ ਸੰਸਥਾਵਾਂ ਦੀ ਇੱਕ ਬੈਠਕ ਹਨੂਮਾਨ ਚੌਂਕ ਵਿਖੇ ਆਯੋਜਿਤ ਕੀਤੀ ਗਈ, ਜਿਸ ਵਿੱਚ ਸ਼ੋਭਾ ਯਾਤਰਾ ਵਿੱਚ ਅਨੁਸ਼ਾਸਨ ਬਣਾਈ ਰੱਖਣ ਲਈ ਸੰਸਥਾਵਾਂ ਦੇ ਆਗੂਆਂ ਨੂੰ ਉਹਨਾਂ

ਦੀਆਂ ਜਿੰਮੇਵਾਰੀਆਂ ਦਿੱਤੀਆਂ ਗਈਆਂ ਅਤੇ ਉਹਨਾ ਦੇ ਸੁਝਾਅ ਵੀ ਲਏ ਗਏ। ਪਵਨ ਸ਼ਰਮਾ ਤੇ ਰਵੀ ਮਹਾਜਨ ਨੇ ਦੱਸਿਆ ਕਿ ਸ੍ਰੀ ਹਨੁਮਾਨ ਜੀ ਦੀ ਫੁੱਲਾਂ ਨਾਲ ਸ਼ਿੰਗਾਰੀ ਗਈ ਵੱਡੀ ਪਾਲਕੀ ਸ਼ੋਭਾ ਯਾਤਰਾ ਦਾ ਇੱਕ ਮੁਖ ਆਕਰਸ਼ਨ ਹੋਵੇਗੀ। ਇਸ ਤੋਂ ਇਲਾਵਾ ਦੁਰਗਿਆਣਾ ਮੰਦਰ ਤੀਰਥ ਤੋਂ ਖਾਸ ਤੌਰ ਤੇ ਆ ਰਹੀਆਂ ਗਤਕਾ ਪਾਰਟੀਆਂ ਵੀ ਯਾਤਰਾ ਨੂੰ ਆਕਰਸ਼ਕ ਬਣਾਉਣਗੀਆਂ।

---------------------------------------------------------------

ਲੁਧਿਆਣਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੁਖੀਆਂ ਨੂੰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ ਕਣਕ ਦੀ ਚੁਕਾਈ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਨੇ। ਕਣਕ ਦੀ ਚੁਕਾਈ ਤੇ ਖਰੀਦ ਸਬੰਧੀ ਆਪਣੇ ਦਫ਼ਤਰ ਵਿਖੇ ਇਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਉਨਾਂ ਕਿਹਾ ਕਿ ਚੱਲ ਰਹੇ ਸੀਜਨ ਦੌਰਾਨ ਡਿਊਟੀ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਹੁਣ ਤੱਕ ਲੁਧਿਆਣਾ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ 7351.40 ਮੀਟਰਕ ਟਨ ਕਣਕ ਦੀ ਆਮਦ ਹੋਈ ਏ ਅਤੇ 76.54 ਫੀਸਦੀ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਏ।

---------------------------------------------------------------

ਮੁਹਾਲੀ ਦੀ ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਵੱਲੋਂ ਫੌਜਦਾਰੀ ਜਾਬਤਾ ਦੀ ਧਾਰਾ 144 ਤਹਿਤ ਕੱਲ ਮਹਾਂਵੀਰ ਜਯੰਤੀ ਮੌਕੇ ਧਾਰਮਿਕ ਸਦਭਾਵਨਾ ਬਣਾਈ ਰੱਖਣ ਅਤੇ ਆਮ ਜਨਤਾ ਦੀ ਆਸਥਾ ਨੂੰ ਮੁੱਖ ਰੱਖਦੇ ਹੋਏ, ਜ਼ਿਲ੍ਹਾ ਐਸ.ਏ.ਐਸ ਨਗਰ ਵਿਖੇ ਮੀਟ ਤੇ ਅੰਡੇ ਦੀਆਂ ਦੁਕਾਨਾਂ ਅਤੇ ਹੋਟਲ, ਹਾਤੇਆਂ ਵਿੱਚ ਅੰਡਾ ਮੀਟ ਵੇਚਣ ਤੇ ਪਾਬੰਦੀ ਲਗਾਈ ਗਈ ਏ।